# ਦਫਤਰ ਡਾਇਰੈਕਟਰ,ਸਿੱਖਿਆ ਭਰਤੀ ਬੋਰਡ-ਕਮ-
# ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ।

**ਸਰਕਾਰੀ ਮਾਡਲ ਸੀਨੀਅਰ ਸੰਕੈਡਰੀ ਸਕੂਲ,ਫੇਜ਼-3ਬੀ1,ਐਸ.ਏ.ਐਸ ਨਗਰ।**

**(ਵੈਬਸਾਈਟ www.educationrecruitmentboard.com)**

---

## ਜਨਤਕ ਨਿਯੁਕਤੀਆਂ

**ਵਿਗਿਆਪਨ ਨੰਬਰ:ਐਮ.ਸੀ/0004/2015/** **ਮਿਤੀ ਐਸ.ਏ.ਐਸ ਨਗਰ:** 20/11/15

ਪੰਜਾਬ ਸਿੱਖਿਆ ਵਿਭਾਗ ਵੱਲੋਂ ਪੰਜਾਬੀ ਮਾਸਟਰ / ਮਿਸਟ੍ਰੈਸ ਦੀਆਂ 1000 ਅਸਾਮੀਆਂ ਭਰਨ ਲਈ ਯੋਗ ਉਮੀਦਵਾਰਾਂ ਵੱਲੋਂ, ਵਿਭਾਗ ਦੀ ਵੈਬ-ਸਾਈਟ **www.educationrecruitmentboard.com** ਤੇ ਆਨਲਾਈਨ ਦਰਖਾਸਤਾਂ ਦੀ ਮੰਗ ਮਿਤੀ 12/12/2015 ਤੱਕ ਕੀਤੀ ਜਾਂਦੀ ਹੈ।ਉਪਰੋਕਤ ਅਸਾਮੀਆਂ ਦੀ ਕੈਟਾਗਰੀ ਵਾਈਜ਼ ਵੰਡ ਹੇਠ ਲਿਖੇ ਅਨੁਸਾਰ ਹੈ:-

### 1.ਕੈਟਾਗਿਰੀ ਵਾਈਜ਼ ਆਸਾਮੀਆਂ ਦੀ ਵੰਡ:

| ਲੜੀ ਨੰ | ਕੈਟਾਗਰੀ | ਅਸਾਮੀਆਂ |
|---|---|---|
| 1. | ਜਨਰਲ | 500 |
| 2. | ਅਨੁਸੂਚਿਤ ਜਾਤੀ (ਐਮ ਤੇ ਬੀ) | 100 |
| 3. | ਅਨੁਸੂਚਿਤ ਜਾਤੀ (ਆਰ ਤੇ ੳ) | 100 |
| 4. | ਅਨੁਸੂਚਿਤ ਜਾਤੀ(ਸਾਬਕਾ ਫੋਜੀ)(ਐਮ ਤੇ ਬੀ ) | 20 |
| 5. | ਅਨੁਸੂਚਿਤ ਜਾਤੀ(ਸਾਬਕਾ ਫੋਜੀ) (ਆਰ ਤੇ ੳ) | 20 |
| 6. | ਅਨੁਸੂਚਿਤ ਜਾਤੀ(ਖਿਡਾਰੀ) (ਐਮ ਤੇ ਬੀ) | 5 |
| 7. | ਅਨੁਸੂਚਿਤ ਜਾਤੀ(ਖਿਡਾਰੀ) (ਆਰ ਤੇ ੳ) | 5 |
| 8. | ਪੱਛੜੀਆਂ ਸ਼੍ਰੇਣੀਆਂ | 100 |
| 9. | ਪੱਛੜੀਆਂ ਸ਼੍ਰੇਣੀਆਂ (ਸਾਬਕਾ ਫੋਜੀ) | 20 |
| 10. | ਖਿਡਾਰੀ (ਜਨਰਲ) | 20 |
| 11. | ਅਜ਼ਾਦੀ ਘੁਲਾਟੀਏ | 10 |
| 12. | ਸਾਬਕਾ ਫੋਜੀ (ਜਨਰਲ) | 70 |
| 13. | ਅੰਗਹੀਣ | 30 |
| | ਕੁੱਲ ਜੋੜ | 1000 |

ਰਣਜੀਤ ਸਿੰਘ

2. <u>ਵਿਦਿਅਕ ਯੋਗਤਾ</u> :-

**Punjabi Master/Mistress:**

The prospective candidate should have possessed (i) a valid Bachelor's degree from a recognised University having studied subject of Elective Punjabi in each year at Graduate Level

(ii) Bachelor's degree in Education (B.Ed) from a recognised University with teaching subject of Punjabi.

ਉਪਰੋਕਤ ਵਿਦਿਅਕ ਯੋਗਤਾਵਾਂ ਤੋਂ ਇਲਾਵਾ ਪੰਜਾਬੀ ਮਾਸਟਰ ਦੀ ਅਸਾਮੀ ਲਈ ਉਮੀਦਵਾਰਾਂ ਨੇ ਆਰ.ਟੀ.ਈ ਐਕਟ ਤਹਿਤ, ਪੰਜਾਬ ਸਰਕਾਰ ਦੁਆਰਾ ਲਿਆ ਗਿਆ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-2 (P.S.T.E.T-2) ਪਾਸ ਕੀਤਾ ਹੋਣਾ ਲਾਜ਼ਮੀ ਹੈ।

3. <u>ਚੋਣ ਦਾ ਢੰਗ</u> :-

ਇਹਨਾਂ ਅਸਾਮੀਆਂ ਲਈ **ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-2 (P.S.T.E.T-2)** ਪਾਸ ਉਮੀਦਵਾਰ ਹੀ ਯੋਗ ਹੋਣਗੇ। ਇਹਨਾਂ ਅਸਾਮੀਆਂ ਦੀ ਭਰਤੀ ਕਰਨ ਸਬੰਧੀ ਸਟੇਟ ਪੱਧਰ ਤੇ ਇੱਕ ਲਿਖਤੀ ਟੈਸਟ ਲਿਆ ਜਾਵੇਗਾ। ਜਿਸ ਵਿੱਚ ਸਬੰਧਤ ਵਿਸ਼ੇ ਵਿੱਚ 150 ਅੰਕਾਂ ਦਾ ਟੈਸਟ ਲਿਆ ਜਾਵੇਗਾ। ਇਸ ਟੈਸਟ ਵਿੱਚੋਂ 75 ਅੰਕ ਲੈਣ ਵਾਲੇ ਉਮੀਦਵਾਰਾਂ ਨੂੰ ਪਾਸ ਮੰਨਿਆ ਜਾਵੇਗਾ (ਐਸ.ਸੀ, ਐਸ.ਟੀ., ਓ.ਬੀ.ਸੀ., ਬੀ.ਸੀ ਅਤੇ ਅੰਗਹੀਣ ਕੈਟਾਗਰੀ ਦੇ ਉਮੀਦਵਾਰਾਂ ਨੂੰ 5 ਪ੍ਰਤੀਸ਼ਤ ਭਾਵ 8 ਅੰਕਾਂ ਦੀ ਛੋਟ ਹੋਵੇਗੀ) ਅਤੇ ਇਹਨਾਂ ਅਸਾਮੀਆਂ ਲਈ ਦਰਸਾਈਆਂ ਗਈਆਂ ਵਿਦਿਅਕ / ਪ੍ਰੋਫੈਸ਼ਨਲ ਯੋਗਤਾਵਾਂ ਲਈ ਨਿਰਧਾਰਿਤ ਹੋਰ ਸ਼ਰਤਾਂ ਪੂਰੀਆਂ ਕਰਦੇ ਲਿਖਤੀ ਟੈਸਟ ਵਿੱਚ ਪਾਸ ਉਮੀਦਵਾਰਾਂ ਦੀ ਫਾਈਨਲ ਮੈਰਿਟ ਨਿਰੋਲ ਪੰਜਾਬ ਸਟੇਟ ਅਧਿਆਪਕ ਯੋਗਤਾ ਟੈਸਟ-2 ਅਤੇ ਸਬੰਧਤ ਵਿਸ਼ੇ ਦੇ ਲਏ ਗਏ ਲਿਖਤੀ ਟੈਸਟ ਵਿੱਚ ਪ੍ਰਾਪਤ ਕੀਤੇ ਅੰਕਾਂ ਨੂੰ ਜੋੜ ਕੇ ਮੈਰਿਟ ਲਿਸਟ ਤਿਆਰ ਕੀਤੀ ਜਾਵੇਗੀ।

**(ਜੇਕਰ ਇੱਕ ਤੋਂ ਵੱਧ ਉਮੀਦਵਾਰਾਂ ਦੇ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-2 (P.S.T.E.T-2) ਅਤੇ ਲਿਖਤੀ ਟੈਸਟ ਵਿੱਚੋਂ ਜੋੜ ਕੇ ਬਰਾਬਰ ਅੰਕ ਆਉਂਦੇ ਹਨ ਤਾਂ ਜਿਸ ਉਮੀਦਵਾਰ ਦੀ ਉਮਰ ਵੱਧ ਹੋਵੇਗੀ, ਉਸ ਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ ਅਤੇ ਜੇਕਰ ਇੱਕ ਤੋਂ ਵੱਧ ਉਮੀਦਵਾਰਾਂ ਦੇ ਅੰਕ ਅਤੇ ਉਮਰ ਦੋਨੋ ਇੱਕੋ ਜਿਹੇ ਹੋਣ ਤਾਂ ਜਿਸ ਉਮੀਦਵਾਰ ਦੇ ਗਰੇਜੂਏਸ਼ਨ ਵਿੱਚ ਵੱਧ ਪ੍ਰਤੀਸ਼ਤ ਅੰਕ ਹੋਣਗੇ, ਉਸ ਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ।)**

4. <u>ਅਦਾਇਗੀ ਯੋਗ ਰਕਮ</u> :-

ਨਿਯੁਕਤ ਕੀਤੇ ਈ.ਟੀ.ਟੀ ਅਧਿਆਪਕ ਦੀ ਪ੍ਰਤੀ ਮਹੀਨਾ ਤਨਖਾਹ, ਪੰਜਾਬ ਸਰਕਾਰ ਵਿੱਤ ਵਿਭਾਗ (ਵਿੱਤ ਪ੍ਰਸੋਨਲ-1-ਬਰਾਂਚ) ਦੇ ਨੋਟੀਫਿਕੇਸ਼ਨ ਨੰਬਰ 7/204/2012-4FP1/60 ਮਿਤੀ 15 ਜਨਵਰੀ 2015 ਅਨੁਸਾਰ ਹੋਵੇਗੀ।

5. **ਉਮਰ ਸੀਮਾ :-**

(i) ਉਮੀਦਵਾਰ ਦੀ ਉਮਰ ਮਿਤੀ 01.01.2015 ਨੂੰ ਉਮਰ 18 ਤੋਂ 37 ਸਾਲ ਦੇ ਦਰਮਿਆਨ ਹੋਵੇ।

(ii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾ ਦੀ ਹੱਦ ਵਿਚ 5 ਸਾਲ ਦੀ ਛੋਟ ਹੋਵੇਗੀ।

(iii) ਪੰਜਾਬ,ਹੋਰ ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਦੀ ਉਪਰਲੀ ਉਮਰ ਸੀਮਾ ਦੀ ਹੱਦ 45 ਸਾਲ ਤੱਕ ਹੋਵੇਗੀ।

(iv) ਪੰਜਾਬ ਰਾਜ ਦੀਆਂ ਵਿਧਵਾ ਅਤੇ ਤਲਾਕਸ਼ੁਦਾ ਔਰਤਾ ਦੀ ਉਪਰਲੀ ਉਮਰ ਸੀਮਾ ਦੀ ਹੱਦ ਵਿਚ 42 ਸਾਲ ਤੱਕ ਹੋਵੇਗੀ।

(v) ਪੰਜਾਬ ਦੇ ਵਸਨੀਕ ਵਿਕਲਾਂਗਾ ਦੀ ਉਮਰ ਦੀ ਉਪਰਲੀ ਉਮਰ ਸੀਮਾ ਦੀ ਹੱਦ ਵਿੱਚ 10 ਸਾਲ ਤੱਕ ਦੀ ਛੋਟ ਹੋਵੇਗੀ।

(vi) ਪੰਜਾਬ ਦੇ ਸਾਬਕਾ ਫੌਜੀਆਂ ਵੱਲੋਂ ਉਨ੍ਹਾਂ ਦੀ ਫੌਜ ਵਿੱਚ ਕੀਤੀ ਸੇਵਾ ਦਾ ਸਮਾਂ ਉਨ੍ਹਾਂ ਦੀ ਉਮਰ ਵਿਚੋਂ ਘਟਾਉਣ ਤੋਂ ਬਾਅਦ, ਬਾਕੀ ਬੱਚਦੀ ਉਮਰ, ਜੇਕਰ ਸੇਵਾ ਰੂਲਾਂ ਅਨੁਸਾਰ ਆਸਾਮੀ ਦੀ ਉਪਰਲੀ ਸੀਮਾ ਤੋਂ ਤਿੰਨ ਸਾਲ ਵੱਧ ਹੋਵੇਗੀ ਤਾਂ ਉਨ੍ਹਾਂ ਨੂੰ ਉਮਰ ਸੀਮਾ ਦੀਆਂ ਸ਼ਰਤਾਂ ਤੇ ਸੰਤੁਸਟਤਾ ਦੇਣੀ ਪਵੇਗੀ।

6. **ਬਿਨੈ-ਪੱਤਰ ਪ੍ਰੋਸੈਸਿੰਗ ਫੀਸ :-**

(i) ਜਨਰਲ ਅਤੇ ਹੋਰ ਕੈਟਾਗਰੀ ਦੇ ਉਮੀਦਵਾਰਾਂ ਲਈ : 700 ਰੁਪਏ

(ii) ਰਿਜਰਵ ਕੈਟਾਗਰੀ (ਐਸ.ਸੀ. / ਐਸ.ਟੀ) : 350 ਰੁਪਏ

(iii) ਸਾਬਕਾ ਸੈਨਿਕ (ਖੁਦ) : ਕੋਈ ਨਹੀਂ।

**ਨੋਟ:-** ਸਾਬਕਾ ਸੈਨਿਕਾਂ (ਖੁਦ) ਨੂੰ ਫੀਸ ਦੀ ਅਦਾਇਗੀ ਤੋਂ ਛੋਟ ਕੇਵਲ ਇਸ ਸ਼ਰਤ ਤੇ ਦਿੱਤੀ ਜਾਵੇਗੀ ਕਿ ਉਨਾਂ ਨੂੰ ਭਾਰਤ ਸਰਕਾਰ ਵੱਲੋਂ ਨੌਕਰੀ ਦੌਰਾਨ ਜਾਂ ਨਿਸ਼ਚਿਤ ਆਮ ਅਰਸਾ ਮੁਕੰਮਲ ਹੋਣ ਤੋਂ ਪਹਿਲਾਂ ਜਾਂ ਖੁਦ ਦੀ ਪ੍ਰਤੀ ਬੇਨਤੀ ਤੇ ਨੌਕਰੀ ਤੋਂ ਫਾਰਗ / ਡਿਸਚਾਰਜ ਨਾ ਕੀਤਾ ਗਿਆ ਹੋਵੇ। ਸਾਬਕਾ ਸੈਨਿਕਾਂ ਦੇ ਆਸਰਿਤਾ ਨੂੰ ਲੋੜੀਂਦੀ ਨਿਰਧਾਰਿਤ ਫੀਸ ਦੀ ਅਦਾਇਗੀ ਕਰਨੀ ਹੋਵੇਗੀ ਅਤੇ ਇਸ ਅਸਾਮੀ ਲਈ ਅਸਲ Lineal Desecendent Certificate (LDC) ਅਸਲ ਦਸਤਾਵੇਜ਼ਾਂ ਦੀ ਸਕਰੂਟਨੀ ਸਮੇਂ ਪੇਸ਼ ਕਰਨਾ ਹੋਵੇਗਾ।

(iv) **ਉਮੀਦਵਾਰ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਫੀਸ ਦੀ ਰਸੀਦ ਪੇਸ਼ ਕਰਨਗੇ।**

**7. ਆਮ ਸ਼ਰਤਾਂ:-**

(i) ਜਿਹੜੇ ਉਮੀਦਵਾਰ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦੇ ਰਾਖਵਾਂਕਰਨ ਦਾ ਲਾਭ ਲੈਣਾ ਚਾਹੁੰਦੇ ਹਨ, ਉਨ੍ਹਾਂ ਦੇ ਜਾਤੀ ਸਰਟੀਫਿਕੇਟ ਜੋ ਕਿ ਸਬੰਧਤ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤੇ ਗਏ ਹੋਣ,ਵਿੱਚ ਜਾਤੀ ਸਪੱਸ਼ਟ ਤੌਰ ਤੇ ਲਿਖੀ ਹੋਵੇ। ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੀ ਉਹ ਇਸਤਰੀ ਉਮੀਦਵਾਰ, ਜਿਨ੍ਹਾਂ ਦੇ ਸਰਟੀਫਿਕੇਟ ਵਿਆਹ ਉਪਰੰਤ ਪਤੀ ਦੇ ਨਾਮ ਤੇ ਬਣੇ ਹਨ, ਉਨ੍ਹਾਂ ਇਸਤਰੀ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਉਹ ਸਰਟੀਫਿਕੇਟ,ਜਿਸ ਵਿੱਚ ਪਿਤਾ ਦਾ ਨਾਮ ਦਰਜ ਹੈ ਜਾਂ ਪਿਤਾ ਦਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਸਬੂਤ ਵਜੋਂ ਪੇਸ਼ ਕਰਨਾ ਹੋਵੇਗਾ। ਜੇਕਰ ਉਹ ਇਹ ਸਰਟੀਫਿਕੇਟ ਪੇਸ਼ ਨਹੀਂ ਕਰਦੀ ਤਾਂ ਉਸਦੀ ਪਾਤਰਤਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਜਿਹੋ ਜਿਹਾ ਵੀ ਕੇਸ ਹੋਵੇ, ਵਿੱਚ ਨਹੀਂ ਵਿਚਾਰੀ

ਜਾਵੇਗੀ।ਅਨੁਸੂਚਿਤ ਜਾਤੀ ਦਾ ਰਾਖਵਾਂਕਰਨ ਪੰਜਾਬ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ (ਨੌਕਰੀਆਂ ਵਿੱਚ ਰਾਖਵਾਂਕਰਨ) ਐਕਟ, 2006 ਅਨੁਸਾਰ ਹੋਵੇਗਾ, ਪਰੰਤੂ ਉਨ੍ਹਾਂ ਦੀ ਚੋਣ ਇਸ ਸਬੰਧ ਵਿਚ ਮਾਣਯੋਗ ਸੁਪਰੀਮ ਕੋਰਟ ਵਿਖੇ ਪੈਡਿੰਗ ਕੇਸ SLP(CIVIL) No.23507 of 2010 in CWP NO 18290 OF 2009, ਪੰਜਾਬ ਸਰਕਾਰ ਅਤੇ ਹੋਰ ਬਨਾਮ ਦਵਿੰਦਰ ਸਿੰਘ ਅਤੇ ਹੋਰ ਦੇ ਅੰਤਿਮ ਫੈਸਲੇ ਦੇ ਨਿਰਭਰ ਹੋਵੇਗੀ।

(ii) ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਉਦੋਂ ਤੱਕ ਵੈਲਿਡ ਮੰਨਿਆ ਜਾਵੇਗਾ, ਜਦੋਂ ਤੱਕ ਪ੍ਰਾਰਥੀ ਕਰੀਮੀਲੇਅਰ ਦੇ ਦਾਇਰੇ ਵਿਚ ਨਹੀਂ ਆ ਜਾਂਦਾ।ਪੱਛੜੀ ਸ਼੍ਰੇਣੀ ਦਾ ਲਾਭ ਪ੍ਰਾਪਤ ਕਰਨ ਲਈ ਉਮੀਦਵਾਰ ਨੂੰ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਆਪਣੀ ਪ੍ਰਤੀ ਬੇਨਤੀ ਦੇ ਨਾਲ ਇਕ ਘੋਸ਼ਣਾ ਪੱਤਰ ਦੇਣਾ ਪਵੇਗਾ ਕਿ ਉਸ ਦੇ ਸਟੇਟਸ ਵਿੱਚ ਕੋਈ ਤਬਦੀਲੀ ਨਹੀਂ ਆਈ ਅਤੇ ਉਹ ਕਰੀਮੀਲੇਅਰ ਦੇ ਦਾਇਰੇ ਵਿੱਚ ਨਹੀਂ ਆਉਂਦਾ।

(iii) ਸਾਬਕਾ ਸੈਨਿਕ ਕੋਟੇ ਅਧੀਨ ਰਾਖਵਾਂਕਰਨ ਕੇਵਲ ਪੰਜਾਬ ਦੇ ਵਸਨੀਕਾ ਤੇ ਹੀ ਲਾਗੂ ਹੋਵੇਗਾ।ਜੇਕਰ ਸਾਬਕਾ ਸੈਨਿਕ ਖੁਦ ਉਮੀਦਵਾਰ ਨਾ ਹੋਵੇ, ਤਾਂ ਇਹ ਰਾਖਵਾਂਕਰਨ ਉਹਨਾਂ ਦੇ ਆਸ਼ਰਿਤਾਂ ਤੇ ਲਾਗੂ ਹੋਵੇਗਾ।ਅਜਿਹੇ ਸਾਬਕਾ ਸੈਨਿਕ/ਆਸ਼ਰਿਤ ਸੈਨਿਕ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤਾ ਗਿਆ ਲੋੜੀਂਦਾ ਅਸਲ ਸਰਟੀਫਿਕੇਟ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਪੇਸ਼ ਕਰਨਗੇ।

(iv) ਸਵੰਤਰਤਾ ਸੈਨਾਨੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰ, ਸਰਕਾਰ ਦੇ ਪੱਤਰ ਨੰ:16/57-97-8ਪੀ-3/ਸਪੇ 503 ਮਿਤੀ 27.11.2000 ਅਨੁਸਾਰ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤਾ ਗਿਆ ਲੋੜੀਂਦਾ ਅਸਲ ਸਰਟੀਫਿਕੇਟ, ਅਸਲ ਦਸਤਾਵੇਜਾਂ ਦੀ ਸਕਰੂਟਨੀ ਦੇ ਸਮੇਂ ਪੇਸ਼ ਕਰਨਗੇ।

(v) ਖਿਡਾਰੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਸਰਟੀਫਿਕੇਟ ਪੇਸ਼ ਕਰਨਾ ਹੋਵੇਗਾ ਜਿਸ ਵਿੱਚ ਇਹ ਦਰਸਾਇਆ ਗਿਆ ਹੋਵੇ ਕਿ ਉਨ੍ਹਾਂ ਨੇ ਸਟੇਟ ਪੱਧਰੀ ਫੈਡਰੇਸ਼ਨ ਦੁਆਰਾ ਆਯੋਜਿਤ ਕੀਤੀ, ਪੰਜਾਬ ਉਲੰਪਿਕ ਐਸੋਸੀਏਸ਼ਨ ਨਾਲ ਐਫੀਲੇਟਿਡ ਡਿਸਿਪਲਿਨ ਵਿਚੋਂ ਕਿਸੇ ਇਕ ਡਿਸਿਪਲਿਨ ਵਿਚ, ਸਟੇਟ ਪੱਧਰੀ ਚੈਂਪੀਅਨਸ਼ਿਪ ਵਿਚ ਵਿਅਕਤੀਅਗਤ ਈਵੈਂਟ ਜਾਂ ਟੀਮ ਵਿਚ ਪਹਿਲੀ,ਦੂਸਰੀ ਜਾਂ ਤੀਸਰੀ ਪੁਜ਼ੀਸ਼ਨ ਜਿੱਤੀ ਹੈ ਅਤੇ ਪ੍ਰਸਿੱਧ ਨਾਨ-ਉਲੰਪਿਕ ਜਿਵੇਂ ਕ੍ਰਿਕੇਟ ਅਤੇ ਟੈਨਿਸ ਦੇ ਮਾਮਲੇ ਵਿਚ ਜੈਤੂ ਨੇ ਸਬੰਧਿਤ ਨੈਸ਼ਨਲ ਫੈਡਰੇਸ਼ਨ ਨਾਲ ਐਫੀਲੀਏਟਿਡ ਸਟੇਟ ਪੱਧਰੀ ਐਸੋਸੀਏਸ਼ਨ ਵਿਚ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਵਿਚੋਂ ਕੋਈ ਇਕ ਪੁਜ਼ੀਸ਼ਨ ਪ੍ਰਾਪਤ ਕੀਤੀ ਹੋਵੇ।ਖਿਡਾਰੀ ਕੋਟੇ ਅਧੀਨ ਬਿਨੈ ਪੱਤਰ ਦੇਣ ਵਾਲੇ ਉਮੀਦਵਾਰਾਂ ਦੇ ਮਾਮਲੇ ਵਿਚ ਲੋੜੀਂਦਾ ਸਰਟੀਫਿਕੇਟ ਨਿਰਦੇਸ਼ਕ ਖੇਡਾਂ, ਪੰਜਾਬ ਦੁਆਰਾ ਜਾਰੀ ਹੋਵੇ,ਜਿਸ ਵਿੱਚ ਉਨ੍ਹਾਂ ਦੀ ਗਰੇਡੇਸ਼ਨ ਵੀ ਦਰਸਾਈ ਗਈ ਹੋਵੇ।ਕੈਟਾਗਰੀ 'ਸੀ' ਵਜ਼ੋਂ ਜਾਰੀ ਕੀਤੇ ਗਏ ਸਰਟੀਫਿਕੇਟ ਕੇਵਲ ਉਹ ਹੀ ਮੰਨੇ ਜਾਣਗੇ,ਜਿਹੜੇ ਕਿ ਨਿਰਦੇਸ਼ਕ ਖੇਡਾਂ,ਪੰਜਾਬ ਵੱਲੋਂ ਪ੍ਰਵਾਣਿਤ ਹੋਏ ਹੋਣ।

(vi) ਅਪਾਹਜ ਕੋਟੇ ਅਧੀਨ ਰਾਖਵਾਂਕਰਨ, ਪੰਜਾਬ ਸਰਕਾਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਪੱਤਰ ਨੰ:10/26/95-5 ਐਸ ਐਸ/1252 ਮਿਤੀ 02.05.1997 ਅਨੁਸਾਰ ਹੋਵੇਗਾ।ਚਾਹਵਾਨ ਉਮੀਦਵਾਰ ਵਿਗਿਆਪਨ ਵਿੱਚ ਅਪਲਾਈ ਕਰਨ ਦੀ ਦਰਸਾਈ ਆਖਰੀ ਮਿਤੀ ਤੋਂ ਪਹਿਲਾਂ ਦਾ ਸਮਰੱਥ ਅਧਿਕਾਰੀ ਦੁਆਰਾ ਜਾਰੀ ਅਪਾਹਜ ਦਾ ਸਰਟੀਫਿਕੇਟ, ਦਸਤਾਵੇਜ਼ਾ ਦੀ ਸਕਰੂਟਨੀ ਸਮੇਂ ਪੇਸ਼ ਕਰੇਗਾ,ਜਿਸ ਵਿਚ ਉਪਰਲੀ ਜਾਂ ਹੇਠਲੀ ਅੰਗਹੀਣਤਾ ਹੱਦ ਦੇ 40% ਸਥਾਈ/ਅੰਸ਼ਿਕ ਦਰਜ ਹੋਵੇ।ਇਸ ਸਰਟੀਫਿਕੇਟ ਵਿਚ ਸਿਵਲ ਰੁਜ਼ਗਾਰ/ਨਿਰਧਾਰਤ ਅਸਾਮੀ ਲਈ ਫਿੱਟ ਹੋਣਾ ਵੀ ਦਰਸਾਇਆ ਜਾਣਾ ਜ਼ਰੂਰੀ ਹੈ।ਇਹ ਸਰਟੀਫਿਕੇਟ ਜ਼ਿਲੇ ਦੇ ਸਿਵਲ ਸਰਜਨ ਜਾਂ ਉਨ੍ਹਾਂ ਵੱਲੋਂ ਅਧਿਕਾਰਤ ਮੈਡੀਕਲ ਅਫਸਰ ਵੱਲੋਂ ਜਾਰੀ ਕੀਤਾ ਹੋਵੇ।

(vii) ਉਮੀਦਵਾਰ ਨੇ ਦਸਵੀਂ ਪੱਧਰ ਦੀ ਪੰਜਾਬੀ ਪਾਸ ਕੀਤੀ ਹੋਵੇ ਜਾਂ ਮੈਟਿਰਕ ਤੋਂ ਕਿਸੇ ਉਚੇਰੀ ਕਲਾਸ ਵਿਚ ਪੰਜਾਬੀ ਪਾਸ ਹੋਵੇ।

(viii) ਰਾਖਵਾਂਕਰਨ ਦੀ ਨੀਤੀ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਲਾਗੂ ਹਵੇਗੀ।

(ix) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਪੱਕੇ ਵਾਸੀਆਂ ਨੂੰ ਹੀ ਪ੍ਰਾਪਤ ਹੋਵੇਗਾ।

(x) ਪੁਰਸ਼ ਅਤੇ ਇਸਤਰੀ ਉਮੀਦਵਾਰਾਂ ਦੀ ਸਾਂਝੀ ਮੈਰਿਟ ਬਣਾਈ ਜਾਵੇਗੀ।

(xi) ਵਿਗਿਆਪਨ ਵਿਚ ਦਰਜ ਅਸਾਮੀਆਂ ਸਰਕਾਰ ਵੱਲੋਂ ਵਧਾਈਆਂ-ਘਟਾਈਆਂ ਜਾ ਸਕਦੀਆਂ ਹਨ।

(xii) ਇਸ ਵਿਗਿਆਪਨ ਨੂੰ ਵਿਭਾਗ ਵੱਲੋਂ ਕਿਸੇ ਵੀ ਕਾਰਨ ਰੱਦ ਕੀਤਾ ਜਾ ਸਕਦਾ ਹੈ।

(xiii) ਐਪਲੀਕੇਸ਼ਨ ਫਾਰਮ ਭਰਨ ਸਮੇਂ ਕਿਸੇ ਵੀ ਗਲਤੀ ਲਈ ਉਮੀਦਵਾਰ ਆਪ ਜਿੰਮੇਵਾਰ ਹੋਵੇਗਾ।ਭਰਤੀ ਡਾਇਰੈਕਟੋਰੇਟ ਦੀ ਇਸ ਸਬੰਧੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

(xiv) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰਾਂ ਨੂੰ ਸਾਈਬਰ ਕੈਫੇ ਅਟੈਂਡੇਂਟ ਦੀ ਮੱਦਦ ਲੈਣ ਸਮੇਂ ਆਪਣਾ ਫਾਰਮ ਆਪ ਭਰਨ ਦੀ ਸਲਾਹ ਦਿੱਤੀ ਜਾਂਦੀ ਹੈ।ਐਪਲੀਕੇਸ਼ਨ ਫਾਰਮ ਵਿਚ ਇਕ ਵਾਰ ਡਾਟਾ ਭਰਨ ਤੋਂ ਬਾਅਦ Approve ਕਰਨ ਤੋਂ ਬਾਅਦ ਉਸ ਵਿੱਚ ਕੋਈ ਤਬਦੀਲੀ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ ਅਤੇ ਨਾ ਹੀ ਕੋਈ ਹੋਰ ਮੌਕਾ ਦਿੱਤਾ ਜਾਵੇਗਾ।ਇਸ ਸਬੰਧੀ ਕਿਸੇ ਵੀ ਪ੍ਰਕਾਰ ਦੀ ਪ੍ਰਤੀਬੇਨਤੀ ਦਫਤਰ ਵੱਲੋਂ ਸਵੀਕਾਰ ਨਹੀਂ ਕੀਤੀ ਜਾਵੇਗੀ।

(xv) ਉਮੀਦਵਾਰ ਵੱਲੋਂ ਅਸਾਮੀ ਲਈ ਕੇਵਲ ਅਪਲਾਈ ਕਰਨ ਜਾਂ ਉਸ ਨੂੰ ਦਸਤਾਵੇਜ਼ਾਂ ਲਈ ਸਕਰੂਟਨੀ ਬੁਲਾਏ ਜਾਣ ਨਾਲ ਹੀ ਕੋਈ ਨਿਯੁਕਤੀ ਦਾ ਅਧਿਕਾਰ ਨਹੀਂ ਹੋਵੇਗਾ।

(xvi) ਇਸ ਭਰਤੀ ਸਬੰਧੀ ਭਰਤੀ ਡਾਇਰੈਕਟੋਰੇਟ ਵੱਲੋਂ ਲਿਆ ਫੈਸਲਾ ਅੰਤਿਮ ਅਤੇ ਸਭ ਤੇ ਲਾਗੂ ਹੋਵੇਗਾ।

(xvii) ਉਮੀਦਵਾਰਾਂ ਵੱਲੋਂ ਆਪਣਾ ਮੋਬਾਇਲ ਨੰਬਰ, Email-ID, ਆਪਣਾ ਬੈਂਕ ਅਕਾਉਂਟ ਨੰਬਰ, ਬੈਂਕ ਦਾ IFSC ਕੋਡ, ਬਰਾਂਚ ਦਾ ਨਾਮ ਆਦਿ ਆਨ-ਲਾਈਨ ਅਪਲਾਈ ਕਰਨ ਸਮੇਂ ਫਾਰਮ ਵਿੱਚ ਭਰਿਆ ਜਾਵੇ।

(xviii) ਪੰਜਾਬ ਦੇ ਵਸਨੀਕ ਵਿਕਲਾਂਗ ਉਮੀਦਵਾਰਾਂ ਵੱਲੋਂ ਉਪਰੋਕਤ ਅਨੁਸਾਰ ਉਹੀ ਫੀਸ ਜਮਾਂ ਕਰਵਾਈ ਜਾਵੇਗੀ, ਜਿਸ ਵਰਗ / ਸ਼੍ਰੇਣੀ ਨਾਲ ਉਹ ਸਬੰਧ ਰੱਖਦੇ ਹਨ।

(xix) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ / ਛੋਟ ਨਹੀਂ ਦਿੱਤੀ ਜਾਵੇਗੀ ਸਿਵਾਏ ਸਾਬਕਾ ਸੈਨਿਕ (ਖੁਦ) ਅਤੇ ਫੀਸ ਨਾ ਭੇਜਣ ਦੀ ਹਾਲਤ ਵਿੱਚ ਉਸ ਦੀ ਪਾਤਰਤਾ ਰੱਦ ਸਮਝੀ ਜਾਵੇਗੀ।

(xx) ਉਮੀਦਵਾਰਾਂ ਦੀ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ-2 (P.S.T.E.T-2) ਵਿੱਚ ਪ੍ਰਾਪਤ ਅੰਕਾਂ ਅਤੇ ਲਿਖਤੀ ਟੈਸਟ ਵਿੱਚ ਪ੍ਰਾਪਤ ਅੰਕਾਂ ਅਨੁਸਾਰ ਪ੍ਰੋਵੀਜ਼ਨਲ ਮੈਰਿਟ ਬਣਾ ਕੇ ਆਸਾਮੀਆਂ ਦੇ ਪੰਜ (5) ਗੁਣਾ ਉਮੀਦਵਾਰਾਂ ਨੂੰ ਦਸਤਾਵੇਜ਼ਾਂ ਦੀ ਸਕਰੂਟਨੀ ਲਈ ਬੁਲਾਇਆ ਜਾਵੇਗਾ।

(xxi) ਉਮੀਦਵਾਰ ਵੱਲੋਂ ਭਰੀ ਗਈ ਕੈਟਾਗਿਰੀ ਕਿਸੇ ਵੀ ਹਾਲਤ ਵਿੱਚ ਤਬਦੀਲ ਨਹੀਂ ਕੀਤੀ ਜਾਵੇਗੀ ਅਤੇ ਨਾ ਹੀ ਇਸ ਸਬੰਧੀ ਕਿਸੇ ਪ੍ਰਤੀ ਬੇਨਤੀ ਤੇ ਕੋਈ ਵਿਚਾਰ ਕੀਤਾ ਜਾਵੇਗਾ।

(xxii) ਉਮੀਦਵਾਰਾਂ ਨੂੰ ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਭਰਤੀ ਸਬੰਧੀ ਸ਼ਰਤਾਂ / ਬਾਨਾਂ ਚੰਗੀ ਤਰ੍ਹਾਂ ਨਾਲ ਪੜ੍ਹਨ ਉਪਰੰਤ ਆਪ ਖੁਦ ਅਪਲਾਈ ਕਰੇ ਅਤੇ ਉਹਨਾਂ ਨੂੰ ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਸ ਭਰਤੀ ਸਬੰਧੀ Latest Update ਦੀ ਜਾਣਕਾਰੀ ਲਈ ਵਿਭਾਗ ਦੀ ਵੈਬ-ਸਾਈਟ www.educationrecruitmentboard.com ਸਮੇਂ-ਸਮੇਂ ਚੈੱਕ ਕਰਦੇ ਰਹਿਣ।

(xxiii) ਮਾਸਟਰ / ਮਿਸਟ੍ਰੈਸ ਦੀ ਭਰਤੀ ਲਈ ਲਏ ਜਾਣ ਵਾਲੇ ਲਿਖਤੀ ਟੈਸਟ ਦਾ ਸਿਲੇਬਸ ਅਤੇ ਲਿਖਤੀ ਟੈਸਟ ਦਾ ਸਡਿਊਲ ਅਤੇ ਹੋਰ ਸ਼ਰਤਾਂ ਵੱਖਰੇ ਤੌਰ ਤੇ ਵਿਭਾਗ ਦੀ ਵੈਬ-ਸਾਈਟ www.educationrecruitmentboard.com ਤੇ ਵੇਖੀਆਂ ਜਾ ਸਕਦੀਆਂ ਹਨ।

ਜ਼ਰੂਰੀ ਨੋਟ :-

**ਉਮੀਦਵਾਰਾਂ ਦੇ ਵਿਦਿਅਕ / ਪ੍ਰੋਫੈਸ਼ਨਲ ਯੋਗਤਾਵਾਂ, ਰਿਜ਼ਰਵੇਸ਼ਨ ਦਾ ਲਾਭ ਲੈਣ ਲਈ ਵੱਖ-ਵੱਖ ਕੈਟਾਰਗਿਰੀਆਂ ਦੇ ਸਰਟੀਫਿਕੇਟ ਜਿਵੇਂ ਐਸ.ਸੀ, ਬੀ.ਸੀ, ਐਲ.ਡੀ.ਸੀ, ਸਪੋਰਟਸ ਗਰੇਡੇਸ਼ਨ, ਅੰਗਹੀਣ ਅਤੇ ਸੁਤੰਤਰਤਾ ਸੰਗਰਾਮੀ ਅਤੇ ਹੋਰ ਲੋੜੀਂਦੇ ਸਰਟੀਫਿਕੇਟ ਆਦਿ ਆਨਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ ੧੨/੧੨/੨੦੧੬. ਤੋਂ ਪਹਿਲਾਂ ਦੇ ਬਣੇ ਅਤੇ ਜਾਰੀ ਹੋਣੇ ਚਾਹੀਦੇ ਹਨ ਅਤੇ ਅਪਲਾਈ ਕਰਨ ਦੀ ਆਖਰੀ ਮਿਤੀ ਤੋਂ ਬਾਅਦ ਦਾ ਬਣਿਆ ਸਰਟਿਫਿਕੇਟ ਮੰਨਣਯੋਗ ਨਹੀਂ ਹੋਣਗੇ।**

**8. ਆਨਲਾਈਨ ਅਪਲਾਈ ਕਰਨ ਦੀ ਵਿਧੀ :-**

(1) ਵੈਬਸਾਈਟ www.educationrecruitmentboard.com ।

(2) ਉਮੀਦਵਾਰ ਵਲੋਂ ਪਹਿਲਾਂ ਉਪਰੋਕਤ ਦਰਸਾਈ ਵੈਬਸਾਈਟ ਉੱਤੇ ਰਜਿਸਟ੍ਰੇਸਨ ਕਰਵਾਈ ਜਾਵੇਗੀ। ਰਜਿਸਟ੍ਰੇਸਨ ਕਰਵਾਉਣ ਲਈ ਇਸ ਵੈਬਸਾਈਟ ਉੱਤੇ ਦਿੱਤੇ ਲਿੰਕ New Registration ਉੱਤੇ Click ਕੀਤਾ ਜਾਵੇ ਅਤੇ ਮੰਗੀ ਗਈ ਜਾਣਕਾਰੀ ਭਰੀ ਜਾਵੇ। ਇੱਕ ਵਾਰ ਰਜਿਸਟ੍ਰੇਸਨ ਕਰਨ ਉਪਰੰਤ ਰਜਿਸਟ੍ਰੇਸ਼ਨ ਵਾਲੀ ਕੋਈ ਵੀ ਜਾਣਕਾਰੀ ਦੁਬਾਰਾ Update/Edit ਨਹੀਂ ਕੀਤੀ ਜਾਵੇਗੀ।

(3) ਰਜਿਸਟ੍ਰੇਸ਼ਨ ਉਪਰੰਤ ਉਮੀਦਵਾਰ ਵਲੋਂ ਆਪਣੇ **ਰਜਿਸਟ੍ਰੇਸ਼ਨ ਨੰਬਰ** ਅਤੇ ਪਾਸਵਰਡ ਦੀ ਮਦਦ ਨਾਲ ਆਪਣੇ ਅਕਾਉਂਟ ਵਿਚ ਲਾਗਇਨ ਕੀਤਾ ਜਾਵੇਗਾ। ਉਮੀਦਵਾਰ ਵਲੋਂ Application Fee ਨਾਮ ਦੇ ਲਿੰਕ ਉੱਤੇ ਕਲਿਕ ਕੀਤਾ ਜਾਵੇਗਾ ਅਤੇ ਕਲਿਕ ਕਰਨ ਉਪਰੰਤ ਬੈਂਕ ਦੀ ਵੈਬਸਾਈਟ ਉੱਤੇ ਦਿੱਤੇ ਫਾਰਮ ਨੂੰ ਭਰਿਆ ਜਾਵੇਗਾ। ਫਾਰਮ ਵਿਚ ਉਮੀਦਵਾਰ ਵਲੋਂ **ਰਜਿਸਟ੍ਰੇਸ਼ਨ ਨੰਬਰ, ਨਾਮ ਅਤੇ ਮੋਬਾਇਲ ਨੰਬਰ ਸਹੀ ਭਰਿਆ ਜਾਵੇ।** ਬੈਂਕ ਦੀ ਵੈਬਸਾਈਟ ਉੱਤੇ ਜਾਣਕਾਰੀ ਭਰਨ ਉਪਰੰਤ ਉਮੀਦਵਾਰ ਵਲੋਂ ਦੋ ਤਰੀਕੇ ਨਾਲ ਆਪਣੀ ਫੀਸ ਭਰੀ ਜਾ ਸਕਦੀ ਹੈ। ਉਮੀਦਵਾਰ ਵਲੋਂ **debit card / credit card / Net Banking ਦੀ ਮਦਦ ਨਾਲ ਆਪਣੀ ਫੀਸ ਆਨ ਲਾਈਨ ਭਰੀ ਜਾ ਸਕਦੀ ਹੈ। ਜੇਕਰ ਉਮੀਦਵਾਰ ਕੋਲ debit card / credit card / Net Banking ਦੀ ਸਹੂਲਤ ਨਹੀਂ ਹੈ ਤਾਂ Other Payment Option ਨਾਮ ਦੇ ਲਿੰਕ ਉੱਤੇ ਕਲਿਕ ਕੀਤਾ ਜਾਵੇ ਅਤੇ ਫਾਰਮ ਭਰਨ ਉਪਰੰਤ "Click here to save the Pre-Acknowledgement Form in PDF" ਉੱਤੇ ਕਲਿਕ ਕਰਕੇ ਬੈਂਕ ਚਲਾਨ ਜਨਰੇਟ ਕੀਤਾ ਜਾਵੇ ਅਤੇ ਸਟੇਟ ਬੈਂਕ ਆਫ ਪਟਿਆਲਾ ਦੀ ਕਿਸੇ ਵੀ ਬਰਾਂਚ ਵਿਚ ਫੀਸ ਜਮਾਂ ਕਰਵਾਈ ਜਾ ਸਕਦੀ ਹੈ।**

(4) ਫੀਸ ਸਬੰਧੀ ਬੈਂਕ ਤੋਂ Confirmation ਹੋਣ ਉਪਰੰਤ, ਸਿੱਖਿਆ ਵਿਭਾਗ ਵੱਲੋਂ ਉਮੀਦਵਾਰ ਦੀ ਰਜਿਸਟ੍ਰੇਸ਼ਨ Confirm ਕਰ ਦਿੱਤੀ ਜਾਵੇਗੀ ਅਤੇ confirmation ਉਪਰੰਤ ਹੀ ਉਮੀਦਵਾਰ ਆਪਣਾ Online Application ਭਰ ਸਕਦੇ ਹਨ।

(5) Application Form ਭਰਨ ਉਪਰੰਤ ਇਸ ਨੂੰ **Save ਕਰ ਲਿਆ ਜਾਵੇ ਅਤੇ ਚੰਗੀ ਤਰ੍ਹਾਂ ਨਾਲ ਚੈੱਕ ਕਰਨ ਉਪਰੰਤ ਹੀ Approve ਕੀਤਾ ਜਾਵੇ। ਇੱਕ ਵਾਰ Approve ਕਰਨ ਉਪਰੰਤ ਫਾਰਮ lock ਕਰ ਦਿੱਤਾ ਜਾਵੇਗਾ ਅਤੇ ਇਸ ਉਪਰੰਤ ਫਾਰਮ ਵਿਚ ਕੋਈ ਵੀ ਤਬਦੀਲੀ ਨਹੀਂ ਕੀਤੀ ਜਾ ਸਕੇਗੀ।**

(6) ਇਸ ਦਾ Printout ਜਰੂਰ ਲਿਆ ਜਾਵੇ ਅਤੇ ਸੰਭਾਲ ਕੇ ਰੱਖਿਆ ਜਾਵੇ। ਇੱਥੇ ਇਹ ਵੀ ਸਪੱਸਟ ਕੀਤਾ ਜਾਂਦਾ ਹੈ ਕਿ Application Form ਜਾਂ ਕੋਈ ਹੋਰ ਦਸਤਾਵੇਜ ਡਾਕ ਰਾਹੀਂ ਇਸ ਦਫਤਰ ਨੂੰ ਭੇਜਣ ਦੀ ਜਰੂਰਤ ਨਹੀਂ ਹੈ। ਕੋਈ ਵੀ ਦਸਤਾਵੇਜ਼, ਮੰਗੇ ਜਾਣ ਉਪਰੰਤ ਹੀ ਭੇਜਿਆ ਜਾਵੇ।

**ਜਰੂਰੀ ਤਰੀਕਾਂ :-**

ਪਹਿਲਾਂ ਉਮੀਦਵਾਰ ਆਨਲਾਈਨ ਰਜਿਸਟ੍ਰੇਸਨ ਕਰੇਗਾ, ਜਿਸ ਦੀ ਆਖਰੀ ਮਿਤੀ 12/12/2015 (ਸਾਮ 5.00 ਵਜੇ ਤੱਕ) ਹੋਵੇਗੀ। ਰਜਿਸਟ੍ਰੇਸਨ ਕਰਨਾ ਹੀ ਅਪਲਾਈ ਕਰਨ ਦੀ ਆਖਰੀ ਮਿਤੀ ਮੰਨੀ ਜਾਵੇਗੀ।

ਉਮੀਦਵਾਰ ਰਜਿਸਟ੍ਰੇਸਨ ਕਰਨ ਤੋਂ ਬਾਅਦ ਨਿਰਧਾਰਿਤ ਫੀਸ ਜਮ੍ਹਾਂ ਕਰਵਾਏਗਾ। ਬੈਂਕ ਵਿੱਚ ਫੀਸ ਜਮ੍ਹਾਂ ਕਰਵਾਉਣ ਅਤੇ ਜਮਾਂ ਕਰਵਾਈ ਗਈ ਫੀਸ ਦੀ confirmation ਹੋਣ ਉਪਰੰਤ ਹੀ, ਉਮੀਦਵਾਰ ਆਪਣਾ Online Application Form ਭਰ ਸਕਦਾ ਹੈ , ਜਿਸ ਦੀ ਆਖਰੀ ਮਿਤੀ 17/12/2015 (ਸ਼ਾਮ 5.00 ਵਜੇ ਤੱਕ) ਹੈ।

**ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ**
**ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।**